# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :11-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ, ਭਾਰਤ ਵੱਡੀ ਆਲਮੀ ਅਸਥਿਰਤਾ ਦਰਮਿਆਨ ਨਿਸ਼ਚਤਤਾ ਦੇ ਇੱਕ ਬੇਮਿਸਾਲ ਪੜਾਅ ਦਾ ਗਵਾਹ ਬਣ ਰਿਹਾ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ ‘ਚ 1, ਹਜ਼ਾਰ 746 ਹਥਿਆਰਬੰਦ ਅਤੇ ਜ਼ਿਲ੍ਹਾ ਕਾਡਰ ਦੇ ਪੁਲਿਸ ਕਾਂਸਟੇਬਲਾਂ ਨੂੰ ਨਿਯੁਕਤੀ ਪੱਤਰ ਵੰਡੇ l
- ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਮਾਈਨਿੰਗ ਸਾਈਟਾਂ ਲਈ ਨਵੀਂ ਨੀਲਾਮੀ ਸ਼ੁਰੂ.

- ਵਿਜੀਲੈਂਸ ਬਿਊਰੋ ਨੇ ਸਾਲ 2025 ਦੌਰਾਨ 127 ਟਰੈਪ ਕੇਸਾਂ ਵਿੱਚ 187 ਵਿਅਕਤੀਆਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ.
- 14ਵੀਂ ਕੌਮੀ ਡਰੈਗਨ ਬੋਟ ਚੈਪੀਅਨਸ਼ਿਪ ਵਿੱਚ ਪੰਜਾਬ ਦੀ ਟੀਮ ਨੇ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਂਦਿਆਂ ਸੋਨੇ, ਚਾਂਦੀ ਅਤੇ ਕਾਂਸੇ ਦੇ ਤਮਗੇ ਜਿੱਤ ਕੇ ਸੂਬੇ ਦਾ ਨਾਂ ਰੌਸ਼ਨ ਕੀਤੈ.

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ, ਭਾਰਤ ਵੱਡੀ ਆਲਮੀ ਅਸਥਿਰਤਾ ਦਰਮਿਆਨ ਨਿਸ਼ਚਤਤਾ ਦੇ ਇੱਕ ਬੇਮਿਸਾਲ ਪੜਾਅ ਦਾ ਗਵਾਹ ਬਣ ਰਿਹਾ ਏ । ਸ਼੍ਰੀ ਮੋਦੀ ਰਾਜਕੋਟ ਵਿੱਚ ਕੱਛ ਅਤੇ ਸੌਰਾਸ਼ਟਰ ਖੇਤਰਾਂ ਲਈ ਦੋ-ਰੋਜ਼ਾ ਵਾਈਬ੍ਰੈਂਟ ਗੁਜਰਾਤ ਖੇਤਰੀ ਸੰਮੇਲਨ ਦਾ ਉਦਘਾਟਨ ਕਰਨ ਤੋਂ ਬਾਅਦ ਬੋਲ ਰਹੇ ਸਨ। ਉਨ੍ਹਾਂ ਕਿਹਾ ਕਿ, ਭਾਰਤ ਵਿਕਸਿਤ ਰਾਸ਼ਟਰ ਬਣਨ ਲਈ ਤੇਜ਼ੀ ਨਾਲ ਅੱਗੇ ਵਧ ਰਿਹਾ ਏ ਤੇ, ਸੁਧਾਰ ਇਸ ਉਦੇਸ਼ ਨੂੰ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਨੇ. ਉਨ੍ਹਾਂ ਕਿਹਾ ਕਿ ਭਾਰਤ ਦੁਨੀਆ ਦੀ ਤੀਜੀ ਸਭ

ਤੋਂ ਵੱਡੀ ਆਰਥਿਕਤਾ ਬਣਨ ਦੇ ਰਾਹ 'ਤੇ ਏ, ਜਿਸਨੂੰ ਸਨਅਤ ਲਈ-ਤਿਆਰ ਕਾਰਜਬਲ ਅਤੇ GST, IT, ਬੀਮਾ, ਕਿਰਤ ਅਤੇ ਪ੍ਰਮਾਣੂ ਊਰਜਾ ਵਰਗੇ ਖੇਤਰਾਂ ਵਿੱਚ ਅਗਲੀ ਪੀੜ੍ਹੀ ਦੇ ਸੁਧਾਰਾਂ ਦੀ ਹਮਾਇਤ ਪ੍ਰਾਪਤ ਏ - byte - PM-ON-NEXT-GEN-REFORMS- 34 sec

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ ਦੇ ਪੀ.ਏ.ਪੀ. ਗਰਾਊਂਡ ਵਿਖੇ 1, ਹਜ਼ਾਰ 746 ਹਥਿਆਰਬੰਦ ਅਤੇ ਜ਼ਿਲ੍ਹਾ ਕਾਡਰ ਦੇ ਪੁਲਿਸ ਕਾਂਸਟੇਬਲਾਂ ਨੂੰ ਨਿਯੁਕਤੀ ਪੱਤਰ ਵੰਡੇ। ਇਨ੍ਹਾਂ ਨਿਯੁਕਤੀਆਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਨੌਜਵਾਨ ਆਪਣੀ ਯੋਗਤਾ ਦੇ ਆਧਾਰ 'ਤੇ ਇਨ੍ਹਾਂ ਨੌਕਰੀਆਂ ਦੇ ਹੱਕਦਾਰ ਨੇ. ਓਹਨਾਂ ਕਿਹਾ ਕਿ ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਸ਼ਾਸਨ ਦਾ ਅਨਿੱਖੜਵਾਂ ਅੰਗ ਬਣਨ ਅਤੇ ਮਿਸ਼ਨ ਦੀ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਨ ਦੀ ਅਪੀਲ ਕੀਤੀ. ਨਵੇਂ ਭਰਤੀ ਹੋਏ ਉਮੀਦਵਾਰਾਂ ਵਿੱਚ ਵਿਸ਼ਵਾਸ ਪ੍ਰਗਟ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਓਹਨਾਂ ਨੂੰ ਉਮੀਦ ਏ ਕਿ ਓਹ ਆਪਣੇ ਅਹੁਦਿਆਂ ਦੀ ਵਰਤੋਂ ਲੋੜਵੰਦਾਂ ਅਤੇ ਪਛੜੇ ਲੋਕਾਂ ਦੀ ਮਦਦ ਲਈ ਕਰਨਗੇ. ਪੁਲਿਸ ਬਲ ਦੀ ਮਜ਼ਬੂਤੀ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ

ਵਿੱਚ 10 ਹਜ਼ਾਰ 264 ਨੌਜਵਾਨਾਂ ਨੂੰ ਪੰਜਾਬ ਪੁਲਿਸ ਦੇ ਵੱਖ-ਵੱਖ ਰੈਂਕਾਂ ਵਿੱਚ ਭਰਤੀ ਕੀਤਾ ਗਿਆ ਏ.

-------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਮਾਈਨਿੰਗ ਸਾਈਟਾਂ ਲਈ ਨਵੀਂ ਨੀਲਾਮੀ ਸ਼ੁਰੂ ਕੀਤੀ ਗਈ ਏ ਅਤੇ ਸੋਧੇ ਹੋਏ ਪੰਜਾਬ ਮਾਈਨਰ ਮਿਨਰਲ ਨੇਮਾਂ ਤਹਿਤ ਨੀਲਾਮੀ ਢਾਂਚੇ ਵਿੱਚ ਵੱਡੇ ਸੁਧਾਰ ਕੀਤੇ ਗਏ ਨੇ. ਇਨ੍ਹਾਂ ਸੁਧਾਰਾਂ 'ਤੇ ਹੋਰ ਚਾਨਣਾ ਪਾਉਂਦਿਆਂ ਖਣਨ ਅਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਏ ਕਿ ਖਣਨ ਖੇਤਰ ਵਿੱਚ ਪਾਰਦਰਸ਼ਤਾ ਲਿਆਂਦੀ ਜਾਵੇ ਅਤੇ ਕੁਦਰਤੀ ਵਸੀਲਿਆਂ ਦੀ ਵਰਤੋਂ ਲੋਕਾਂ ਦੇ ਹਿੱਤਾਂ ਲਈ ਕੀਤੀ ਜਾਵੇ। ਪਾਰਦਰਸ਼ੀ ਆਨਲਾਈਨ ਨੀਲਾਮੀ ਪ੍ਰਣਾਲੀ ਨੂੰ ਅਪਣਾ ਕੇ ਸੂਬੇ ਦੇ ਮਾਲੀਏ ਦੀ ਰਾਖੀ ਦੇ ਨਾਲ-ਨਾਲ ਯੋਗ ਆਪ੍ਰੇਟਰਾਂ ਲਈ ਬਰਾਬਰ ਮੌਕੇ ਪ੍ਰਦਾਨ ਹੋਣਗੇ ਅਤੇ ਅਤੇ ਗ਼ੈਰ-ਕਾਨੂੰਨੀ ਖਣਨ ‘ਤੇ ਨਕੇਲ ਕੱਸੀ ਜਾਏਗੀ. ਕੈਬਨਿਟ ਮੰਤਰੀ ਨੇ ਦੱਸਿਆ ਕਿ ਪਹਿਲੇ ਪੜਾਅ ਤਹਿਤ ਸਰਕਾਰ ਵੱਲੋਂ ਇੱਕ ਖੁੱਲ੍ਹੀ ਅਤੇ ਮੁਕਾਬਲੇਬਾਜ਼ੀ ਵਾਲੀ ਆਨਲਾਈਨ ਬੋਲੀ ਪ੍ਰਕਿਰਿਆ ਰਾਹੀਂ 29 ਨਵੀਆਂ ਵਪਾਰਕ ਮਾਈਨਿੰਗ ਸਾਈਟਾਂ (ਸੀ.ਐਮ.ਐਸ.) ਦੀ ਨਿਲਾਮੀ ਕੀਤੀ ਗਈ। ਅਕਤੂਬਰ-ਨਵੰਬਰ ਵਿੱਚ ਸ਼ੁਰੂ ਕੀਤੀਆਂ ਗਈਆਂ ਇਨ੍ਹਾਂ ਨੀਲਾਮੀਆਂ ਨਾਲ 16 ਸਫ਼ਲ ਬੋਲੀਆਂ

ਹੋਈਆਂ ਅਤੇ 11.61 ਕਰੋੜ ਰੁਪਏ ਦਾ ਮਾਲੀਆ ਇਕੱਠਾ ਕੀਤਾ ਗਿਆ ਏ । ਜ਼ਿਕਰਯੋਗ ਏ ਕਿ ਇਹ ਪਿਛਲੇ ਤਿੰਨ ਸਾਲਾਂ ਵਿੱਚ ਸੂਬੇ ਵੱਲੋਂ ਕੀਤੀਆਂ ਗਈਆਂ ਪਹਿਲੀਆਂ ਕੀਮਤ-ਅਧਾਰਤ ਮਾਈਨਿੰਗ ਨੀਲਾਮੀਆਂ ਨੇ.

-------------------------------------------------------------------

ਸਮਾਜ ਵਿੱਚੋਂ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਪੰਜਾਬ ਵਿਜੀਲੈਂਸ ਬਿਊਰੋ ਨੇ ਇਸ ਸਮਾਜਿਕ ਅਲ੍ਹਾਮਤ ਨੂੰ ਜੜ੍ਹੋਂ ਪੁੱਟਣ ਦਾ ਅਹਿਦ ਲੈਂਦਿਆਂ ਰਿਸ਼ਵਤਖੋਰਾਂ ਨੂੰ ਕਾਬੂ ਕਰਨ ਅਤੇ ਜਨਤਾ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਇੱਕ ਬਹੁ-ਪੱਖੀ ਪਹੁੰਚ ਅਪਣਾਈ ਏ । ਇਸ ਸਮੇਂ ਦੌਰਾਨ ਵਿਜੀਲੈਂਸ ਬਿਊਰੋ ਨੇ ਵੱਖ-ਵੱਖ ਕੇਸਾਂ ਵਿੱਚ 187 ਵਿਅਕਤੀਆਂ ਨੂੰ ਰਿਸ਼ਵਤ ਲੈਂਦੇ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਏ, ਜੋ ਪੰਜਾਬ ਸਰਕਾਰ ਦੇ ਕੁਸ਼ਲ ਤੇ ਜਵਾਬਦੇਹ ਸ਼ਾਸਨ ਨੂੰ ਦਰਸਾਉਂਦਾ ਏ । ਅੱਜ ਚੰਡੀਗੜ੍ਹ ਵਿਖੇ ਇਹ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਸਾਲ 2025 ਦੌਰਾਨ 127 ਟਰੈਪ ਕੇਸਾਂ ਵਿੱਚ ਵੱਖ-ਵੱਖ ਵਿਭਾਗਾਂ ਦੇ 144 ਮੁਲਾਜ਼ਮਾਂ ਨੂੰ ਅਤੇ 43 ਵਿਅਕਤੀਆਂ ਨੂੰ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਏ । ਭ੍ਰਿਸ਼ਟਾਚਾਰ ਖਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾਉਂਦਿਆਂ ਵਿਜੀਲੈਂਸ ਬਿਊਰੋ ਨੇ ਪਹਿਲੀ ਜਨਵਰੀ

ਤੋਂ 31 ਦਸੰਬਰ, 2025 ਤੱਕ 18 ਗਜ਼ਟਿਡ ਅਧਿਕਾਰੀਆਂ ਅਤੇ 126 ਨਾਨ-ਗਜ਼ਟਿਡ ਮੁਲਾਜ਼ਮਾਂ ਨੂੰ ਕਾਬੂ ਕੀਤਾ ਏ। ਉਨ੍ਹਾਂ ਅੱਗੇ ਦੱਸਿਆ ਕਿ ਪਿਛਲੇ ਸਾਲ ਦੌਰਾਨ ਭ੍ਰਿਸ਼ਟਾਚਾਰ ਦੇ ਕੇਸਾਂ ਵਿੱਚ ਕਈ ਰਸੂਖਦਾਰ ਵਿਅਕਤੀਆਂ ਨੂੰ ਵੀ ਨਾਮਜ਼ਦ ਤੇ ਗ੍ਰਿਫਤਾਰ ਕੀਤਾ ਗਿਆ ਏ .

---------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਵੱਲੋਂ ਕਰਾਈ ਗਈ ਸਫਾਈ ਮੁਹਿੰਮ ਵਿੱਚ ਹਿੱਸਾ ਲੈਂਦਿਆਂ, ਨਵੀਂ ਮੁਹਿੰਮ "ਸਾਡਾ ਪਟਿਆਲਾ, ਅਸੀ ਸਵਾਰੀਏ" ਤਹਿਤ ਪਟਿਆਲਾ ਦੇ ਸਾਰੇ 60 ਵਾਰਡਾਂ ਵਿੱਚ ਇੱਕ ਵਿਆਪਕ ਸਫਾਈ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਏ। ਇੱਥੇ ਤ੍ਰਿਪੜੀ ਵਿਖੇ ਇਸ ਸਫਾਈ ਮੁਹਿੰਮ ਦੀ ਸ਼ੁਰੂਆਤ ਮੌਕੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਜਨਤਕ ਥਾਵਾਂ 'ਤੇ ਕੂੜਾ ਸੁੱਟਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਅਤੇ ਜੁਰਮਾਨਾ ਕੀਤਾ ਜਾਵੇਗਾ। ਉਨ੍ਹਾਂ ਨੇ ਕੌਂਸਲਰਾਂ ਨਾਲ ਤਾਲਮੇਲ ਕਰਕੇ ਵਾਰਡ-ਪੱਧਰੀ ਸਫਾਈ ਮੁਹਿੰਮ ਸ਼ੁਰੂ ਕਰਨ ਲਈ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਦੇ ਵਲੰਟੀਅਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

-------------------------------------------------------------

ਜਲੰਧਰ ਦੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਤਹਿਤ ਸ਼ੋਰ ਪ੍ਰਦੂਸ਼ਣ ਦੀ ਰੋਕਥਾਮ ਦੇ ਮੱਦੇਨਜ਼ਰ ਜਨਤਕ ਐਮਰਜੈਂਸੀ ਨੂੰ ਛੱਡ ਕੇ ਸ਼ਾਂਤ  ਜ਼ੋਨਾਂ ਜਾਂ ਰਿਹਾਇਸ਼ੀ ਇਲਾਕਿਆਂ ਅੰਦਰ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਹਾਰਨ ਵਜਾਉਣ ’ਤੇ ਪਾਬੰਦੀ ਲਈ ਏ. ਸੁਪਰੀਮ ਕੋਰਟ ਦੇ ਹੁਕਮਾਂ ਦੇ ਹਵਾਲੇ ਨਾਲ ਪੁਲਿਸ ਕਮਿਸ਼ਨਰ ਵਲੋਂ ਜਾਰੀ ਹੁਕਮਾਂ ਤਹਿਤ ਜਨਤਕ ਥਾਵਾਂ ਦੀ ਸੀਮਾ ’ਤੇ ਜਿਥੇ ਲਾਊਡ ਸਪੀਕਰ ਜਾਂ ਪਬਲਿਕ ਐਡਰੈੱਸ ਸਿਸਟਮ ਜਾਂ ਕੋਈ ਵੀ ਆਵਾਜ਼ ਪੈਦਾ ਕਰਨ ਵਾਲਾ ਸਰੋਤ ਵਰਤਿਆ ਜਾ ਰਿਹਾ ਏ, ਦੀ ਆਵਾਜ਼ ਇਲਾਕੇ ਲਈ ਨਿਸ਼ਚਿਤ ਆਵਾਜ਼ ਮੁਤਾਬਕ ਰੱਖਣ ਦੇ ਆਦੇਸ਼ ਦਿੱਤੇ ਗਏ ਨੇ ਹੁਕਮਾਂ ਅਨੁਸਾਰ ਰਾਤ 10 ਵਜੇ ਤੋਂ ਸਵੇਰੇ 6 ਵਜੇ ਦੇ ਦਰਮਿਆਨ (ਸਿਵਾਏ ਪਬਲਿਕ ਐਮਰਜੈਂਸੀ ਦੇ) ਮੈਰਿਜ ਪੈਲੇਸਾਂ ਤੇ ਹੋਟਲਾਂ ਵਿੱਚ ਢੋਲ ਜਾਂ ਭੋਂਪੂ , ਆਵਾਜ਼ ਪੈਦਾ ਕਰਨ ਵਾਲਾ ਕੋਈ ਯੰਤਰ, ਸਾਊਂਡ ਐਂਪਲੀਫਾਇਰ ਅਤੇ ਡੀ.ਜੇ ਆਦਿ ਵਜਾਉਣ ‘ਤੇ ਪਾਬੰਦੀ ਏ. ਇਸੇ ਤਰ੍ਹਾਂ ਪ੍ਰਾਈਵੇਟ ਮਾਲਕੀ ਵਾਲੇ ਸਾਊਂਡ ਸਿਸਟਮ ਜਾਂ ਆਵਾਜ਼ ਪੈਦਾ ਕਰਨ ਵਾਲੇ ਯੰਤਰ ਦਾ ਸ਼ੋਰ ਦਾ ਪੱਧਰ ਪ੍ਰਾਈਵੇਟ ਥਾਂ ਦੇ ਹੱਦ ਖੇਤਰ ਲਈ ਤੈਅ ਸ਼ੋਰ ਮਾਪਦੰਡਾਂ 5 ਡੀ.ਬੀ.(ਏ) ਤੋਂ ਵੱਧ ਨਹੀਂ ਹੋਵੇਗਾ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਏ ਕਿ ਵਾਹਨਾਂ ਦੇ ਮਾਮਲੇ ਵਿੱਚ

ਮਿਊਜ਼ਿਕ ਸਿਸਟਮ ਦੀ ਆਵਾਜ਼ ਦਿਨ ਦੇ ਕਿਸੇ ਵੀ ਸਮੇਂ ਵਾਹਨ ਤੋਂ ਬਾਹਰ ਨਾ ਸੁਣਾਈ ਦੇਵੇ।

---------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਉੱਚ ਸੁਰੱਖਿਆ ਰਜਿਸਟ੍ਰੇਸ਼ਨ ਪਲੇਟਾਂ ਲਾਉਣ ਲਈ ਆਨਲਾਈਨ ਸਹੂਲਤ ਦਿੱਤੀ ਗਈ ਏ, ਜਿਸ ਤਹਿਤ ਹੁਣ ਤੱਕ ਸੂਬੇ ਦੇ ਕੁੱਲ 64, ਲਖ 24, ਹਜ਼ਾਰ ਤੋਂ ਵਧ ਵਾਹਨਾਂ 'ਤੇ ਉੱਚ ਸੁਰੱਖਿਆ ਰਜਿਸਟ੍ਰੇਸ਼ਨ ਪਲੇਟਾਂ ਲਾ ਦਿੱਤੀਆ ਗਈਆਂ ਨੇ. ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੁਣ ਵਾਹਨ ਮਾਲਕ ਆਪਣੇ ਵਾਹਨਾਂ 'ਤੇ ਉੱਚ ਸੁਰੱਖਿਆ ਰਜਿਸਟ੍ਰੇਸ਼ਨ ਪਲੇਟਾਂ ਲਾਉਣ ਲਈ ਉੱਚ ਸੁਰੱਖਿਆ ਰਜਿਸਟ੍ਰੇਸ਼ਨ ਪਲੇਟਾਂ ਪੋਰਟਲ (www.siam.in) ਰਾਹੀਂ ਆਨਲਾਈਨ ਅਰਜ਼ੀ ਦੇ ਸਕਦੇ ਨੇ.ਟਰਾਂਸਪੋਰਟ ਮੰਤਰੀ ਨੇ ਅੱਗੇ ਦੱਸਿਆ ਕਿ ਕੇਂਦਰੀ ਸੜਕੀ ਆਵਾਜਾਈ ਅਤੇ ਸ਼ਾਹਰਾਹਾਂ ਬਾਰੇ ਮੰਤਰਾਲੇ ਦੀਆਂ ਹਦਾਇਤਾਂ ਤੇ ਮੋਟਰ ਵਾਹਨ ਕਾਨੂੰਨ ਅਤੇ ਇਸ ਅਧੀਨ ਬਣਾਏ ਗਏ ਨੇਮਾਂ ਮੁਤਾਬਿਕ ਉੱਚ ਸੁਰੱਖਿਆ ਰਜਿਸਟ੍ਰੇਸ਼ਨ ਪਲੇਟਾਂ ਲਾਉਣਾ ਲਾਜ਼ਮੀ ਕੀਤਾ ਗਿਆ ਏ ।

---------------------------------------------------------------

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਦੀਆਂ ਸੱਭਿਆਚਾਰਕ ਰਵਾਇਤਾਂ ਦੀ ਸੰਭਾਲ ਅਤੇ ਪਸ਼ੂਧਨ ਨਾਲ ਸਬੰਧਤ ਆਰਥਿਕਤਾ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਮਾਘੀ ਦੇ ਪਵਿੱਤਰ ਦਿਹਾੜੇ ਮੌਕੇ ਸ੍ਰੀ ਮੁਕਤਸਰ ਸਾਹਿਬ ਵਿਖੇ ਵਿਸ਼ਾਲ ਰਵਾਇਤੀ ਪਸ਼ੂ ਅਤੇ ਘੋੜਿਆਂ ਦੇ ਮੇਲੇ "ਘੋੜਾ ਮੰਡੀ" ਦੀ ਮੇਜ਼ਬਾਨੀ ਕੀਤੀ ਜਾ ਰਹੀ ਏ। ਇਹ ਜੀਵੰਤ ਸਮਾਗਮ ਪੰਜਾਬ ਦੇ ਅਮੀਰ ਦਿਹਾਤੀ ਵਿਰਸੇ ਦਾ ਵਿਖਾਲਾ ਕਰੇਗਾ, ਜਿਸ ਵਿੱਚ ਘੋੜਿਆਂ ਅਤੇ ਹੋਰ ਪਸ਼ੂਆਂ ਦੀਆਂ ਉੱਚ-ਪੱਧਰੀ ਨਸਲਾਂ ਸ਼ਾਮਲ ਹੋਣਗੀਆਂ।

-----------------------------------------------------------------

ਮੱਧ ਪ੍ਰਦੇਸ਼ ਦੀ ਰਾਜਧਾਨੀ ਭੋਪਾਲ ਵਿਖੇ ਹੋਈ 14ਵੀਂ ਕੌਮੀ ਡਰੈਗਨ ਬੋਟ ਚੈਪੀਅਨਸ਼ਿਪ ਵਿੱਚ ਪੰਜਾਬ ਦੀ ਟੀਮ ਨੇ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਂਦਿਆਂ ਸੋਨੇ, ਚਾਂਦੀ ਅਤੇ ਕਾਂਸੇ ਦੇ ਤਮਗੇ ਜਿੱਤ ਕੇ ਸੂਬੇ ਦਾ ਨਾਂ ਰੌਸ਼ਨ ਕੀਤਾ। ਇਹ ਕੌਮੀ ਚੈਪੀਅਨਸ਼ਿਪ 6 ਜਨਵਰੀ ਤੋਂ 9 ਜਨਵਰੀ ਤੱਕ ਕਰਾਈ ਗਈ ਸੀ। ਇਸ ਵਿੱਚ ਜੂਨੀਅਰ ਅਤੇ ਸੀਨੀਅਰ ਵਰਗ ਦੇ ਕੁੜੀਆਂ ਅਤੇ ਮੁੰਡਿਆਂ ਦੇ ਮੁਕਾਬਲੇ ਕਰਵਾਏ ਗਏ।
ਮੁਕਾਬਲਿਆਂ ਤੋਂ ਵਾਪਸ ਆਏ ਜੇਤੂ ਖਿਡਾਰੀਆਂ ਨੂੰ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਵੱਲੋਂ ਪਵਿੱਤਰ ਵੇਈਂ ਦੇ ਕੰਢੇ ਸਨਮਾਨਿਤ ਕੀਤਾ ਗਿਆ।

ਉਹਨਾਂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕੜਾਕੇ ਦੀ ਠੰਢ ਵਿੱਚ ਲਗਾਤਾਰ ਮਿਹਨਤ ਅਤੇ ਕੀਤੀ ਤਿਆਰੀ ਦਾ ਨਤੀਜਾ ਅੱਜ ਤਮਗਿਆਂ ਦੇ ਰੂਪ ਵਿੱਚ ਸਾਹਮਣੇ ਆਇਆ ਏ।

-------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ, ਭਾਰਤ ਵੱਡੀ ਆਲਮੀ ਅਸਥਿਰਤਾ ਦਰਮਿਆਨ ਨਿਸ਼ਚਤਤਾ ਦੇ ਇੱਕ ਬੇਮਿਸਾਲ ਪੜਾਅ ਦਾ ਗਵਾਹ ਬਣ ਰਿਹਾ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ 'ਚ 1, ਹਜ਼ਾਰ 746 ਹਥਿਆਰਬੰਦ ਅਤੇ ਜ਼ਿਲ੍ਹਾ ਕਾਡਰ ਦੇ ਪੁਲਿਸ ਕਾਂਸਟੇਬਲਾਂ ਨੂੰ ਨਿਯੁਕਤੀ ਪੱਤਰ ਵੰਡੇ ।
- ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਮਾਈਨਿੰਗ ਸਾਈਟਾਂ ਲਈ ਨਵੀਂ ਨੀਲਾਮੀ ਸ਼ੁਰੂ.

- ਵਿਜੀਲੈਂਸ ਬਿਊਰੋ ਨੇ ਸਾਲ 2025 ਦੌਰਾਨ 127 ਟਰੈਪ ਕੇਸਾਂ ਵਿੱਚ 187 ਵਿਅਕਤੀਆਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ.

- 14ਵੀਂ ਕੌਮੀ ਡਰੈਗਨ ਬੋਟ ਚੈਪੀਅਨਸ਼ਿਪ ਵਿੱਚ ਪੰਜਾਬ ਦੀ ਟੀਮ ਨੇ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਂਦਿਆਂ ਸੋਨੇ, ਚਾਂਦੀ ਅਤੇ ਕਾਂਸੇ ਦੇ ਤਮਗੇ ਜਿੱਤ ਕੇ ਸੂਬੇ ਦਾ ਨਾਂ ਰੌਸ਼ਨ ਕੀਤੈ.

**ਇਸ ਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦੈ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ. ਨਮਸ੍ਕਾਰ**